# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 29-03-2025**

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਚੁਗਿਰਦੇ ਪ੍ਰਤੀ ਸੁਚੇਤ ਅਤੇ ਸੰਵੇਦਨਸ਼ੀਲ ਜੀਵਨ ਜਾਚ ਅਪਣਾਉਣ 'ਤੇ ਜ਼ੋਰ ਦਿੱਤਾ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਰੇਡੀਓ ਪ੍ਰੋਗ੍ਰਾਮ, 'ਮਨ ਕੀ ਬਾਤ' ਦੇ 120ਵੇਂ ਐਪੀਸੋਡ 'ਚ ਭਲਕੇ ਸਵੇਰੇ 11 ਵਜੇ ਦੇਸ਼ ਵਿਦੇਸ਼ ਵਿਚਲੇ ਲੋਕਾਂ ਨੂੰ ਸੰਬੋਧਨ ਕਰਨਗੇ।
- ਪੰਜਾਬ ਦੇ ਕੈਬਿਨੇਟ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਏ ਕਿ ਅਸ਼ੀਰਵਾਦ ਸਕੀਮ ਤਹਿਤ ਪੱਟੀਦਰਜ ਜਾਤਾਂ ਦੇ ਲਾਭਪਾਤਰੀ ਪਰਿਵਾਰਾਂ ਲਈ 20 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ. 3 ਹਜ਼ਾਰ 922 ਲਾਭਪਾਤਰੀ ਪਰਿਵਾਰਾਂ ਨੂੰ ਮਿਲੇਗਾ ਲਾਭ ।

- ਸੂਬਾ ਸਰਕਾਰ ਵੱਲੋਂ ਪੰਜਾਬ ਭਰ ਵਿਚ ਪਹਿਲੀ ਮਾਰਚ ਤੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ CASO ਅਪ੍ਰੇਸ਼ਨ ਤਹਿਤ ਅੱਜ ਕਈ ਥਾਵਾਂ ‘ਤੇ ਕਾਰਵਾਈ ਕੀਤੀ ਗਈ।
- ਸਾਬਕਾ ਹਵਾਈ ਫੌਜ ਮੁਖੀ ਏਅਰ ਚੀਫ ਮਾਰਸ਼ਲ ਬਿਰੇਂਦਰ ਸਿੰਘ ਧਨੋਆ ਦਾ ਕਹਿਣਾ ਏ ਕਿ ਫੌਜ ਰਾਹੀਂ ਦੇਸ਼ ਸੇਵਾ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਏ ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇੱਕ ਅਜਿਹੀ ਜੀਵਨ ਜਾਚ ਅਪਣਾਉਣ 'ਤੇ ਜ਼ੋਰ ਦਿੱਤਾ ਏ ਜੋ ਚੁਗਿਰਦੇ ਪ੍ਰਤੀ ਸੁਚੇਤ ਅਤੇ ਸੰਵੇਦਨਸ਼ੀਲ ਹੋਵੇ ਤਾਂ ਜੋ ਇਸਨੂੰ ਨਾ ਸਿਰਫ਼ ਸੁਰੱਖਿਅਤ ਰੱਖਿਆ ਜਾ ਸਕੇ ਸਗੋਂ ਹੋਰ ਵੀ ਜੀਵੰਤ ਬਣਾਇਆ ਜਾ ਸਕੇ। ਰਾਸ਼ਟਰਪਤੀ ਨੇ ਇਹ ਗੱਲ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਚੁਗਿਰਦੇ ਬਾਰੇ ਇੱਕ ਰਾਸ਼ਟਰੀ ਸੰਮੇਲਨ -2025 ਦਾ ਉਦਘਾਟਨ ਕਰਦੇ ਹੋਏ ਕਹੀ। ਇਹ ਦੋ ਦਿਨਾਂ ਸਮਾਗਮ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਕਰਾਇਆ ਜਾ ਰਿਹਾ ਏ. ਰਾਸ਼ਟਰਪਤੀ ਨੇ ਅੱਗੇ ਕਿਹਾ ਕਿ ਚੁਗਿਰਦਾ ਸੁਰੱਖਿਆ ਅਤੇ ਇਸਦਾ

ਪ੍ਰਚਾਰ ਜਾਗਰੂਕਤਾ ਅਤੇ ਸਾਰਿਆਂ ਦੀਆਂ ਸਾਂਝੀਆਂ ਕੋਸ਼ਿਸ਼ਾਂ'ਤੇ ਅਧਾਰਤ ਨਿਰੰਤਰ ਸਰਗਰਮੀ ਨਾਲ ਹੀ ਸੰਭਵ ਹੋਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼ ਚੁਗਿਰਦੇ ਦੀ ਵਿਰਾਸਤ ਪ੍ਰਦਾਨ ਕਰਨਾ ਸਾਡੀ ਨੈਤਿਕ ਜ਼ਿੰਮੇਵਾਰੀ ਏ। ਰਾਸ਼ਟਰਪਤੀ ਨੇ ਜ਼ਿਕਰ ਕੀਤਾ ਕਿ ਸਾਫ਼ ਚੁਗਿਰਦੇ ਅਤੇ ਆਧੁਨਿਕ ਵਿਕਾਸ ਨੂੰ ਸੰਤੁਲਿਤ ਕਰਨਾ ਇੱਕ ਮੌਕਾ ਅਤੇ ਚੁਣੌਤੀ ਦੋਵੇਂ ਨੇ। ਰਾਸ਼ਟਰਪਤੀ ਮੁਰਮੂ ਨੇ ਚੁਗਿਰਦਾ ਸੰਭਾਲ 'ਤੇ ਜ਼ੋਰ ਦਿੰਦਿਆਂ, ਕਿਹਾ

BYTE – PRESIDENT

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਆਪਣੇ ਰੇਡੀਓ ਪ੍ਰੋਗ੍ਰਾਮ, 'ਮਨ ਕੀ ਬਾਤ' ਦੇ 120ਵੇਂ ਐਪੀਸੋਡ 'ਚ ਭਲਕੇ ਸਵੇਰੇ 11 ਵਜੇ, ਦੇਸ਼ ਵਿਦੇਸ਼ ਵਿਚਲੇ ਲੋਕਾਂ ਨੂੰ ਸੰਬੋਧਨ ਕਰਨਗੇ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈਬਸਾਈਟ ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ

ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ LIVE STREAM ਕੀਤਾ ਜਾਵੇਗਾ। ਆਕਾਸ਼ਵਾਣੀ,ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਏ ਕਿ ਸੂਬਾ ਸਰਕਾਰ ਵੱਲੋਂ ਚਲਾਈ ਜਾ ਰਹੀ ਅਸ਼ੀਰਵਾਦ ਸਕੀਮ ਤਹਿਤ ਪੱਟੀਦਰਜ ਜਾਤਾਂ ਦੇ ਲਾਭਪਾਤਰੀ ਪਰਿਵਾਰਾਂ ਲਈ 20 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਰਕਮ 12 ਜ਼ਿਲ੍ਹਿਆਂ ਦੇ ਲਾਭਪਾਤਰੀਆਂ ਲਈ ਜਾਰੀ ਕੀਤੀ ਗਈ ਏ.ਇਸ ਨਾਲ 3 ਹਜ਼ਾਰ 922 ਲਾਭਪਾਤਰੀ ਪਰਿਵਾਰਾਂ ਨੂੰ ਲਾਭ ਮਿਲੇਗਾ। ਹੋਰ ਜਾਣਕਾਰੀ ਦਿੰਦਿਆਂ ਮੰਤਰੀ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਤ ਕੁੜੀ ਦੇ ਵਿਆਹ ਲਈ 51 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਵੀ ਦਿੱਤੀ ਜਾਂਦੀ

ਏ । ਓਹਨਾਂ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ, ਪੰਜਾਬ ਦਾ ਸਥਾਈ ਨਿਵਾਸੀ ਹੋਵੇ, ਪਰਿਵਾਰ ਦੀ ਸਾਲਾਨਾ ਆਮਦਨ 32 ਹਜ਼ਾਰ 790 ਰੁਪਏ ਤੋਂ ਘੱਟ ਹੋਵੇ ਅਤੇ ਬਿਨੈਕਾਰ ਦਾ ਪੱਟੀ ਦਰਜ ਜਾਤਾਂ,ਪੱਛੜੀਆਂ ਸ਼੍ਰੇਣੀਆਂ ਜਾਂ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਹੋਣਾ ਚਾਹੀਦਾ ਏ । ਉਨ੍ਹਾਂ ਇਹ ਵੀ ਕਿਹਾ ਕਿ ਇਸ ਸਕੀਮ ਤਹਿਤ ਇਕ ਪਰਿਵਾਰ ਦੀਆਂ ਦੋ ਧੀਆਂ ਲਾਭਪਾਤਰੀ ਹੋ ਸਕਦੀਆਂ ਨੇ । ਉਨ੍ਹਾਂ ਦੱਸਿਆ ਕਿ ਲਾਭਪਾਤਰੀਆਂ ਨੂੰ ਮਾਲੀ ਸਹਾਇਤਾ ਸਿਧੇ ਬੈਂਕ ਤਬਾਦਲੇ ਡੀ.ਬੀ.ਟੀ ਰਾਹੀਂ ਸਿਧਿਆਂ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਏ, ਤਾਂ ਜੋ ਪੂਰੀ ਪਾਰਦਰਸ਼ਤਾ ਅਤੇ ਤੇਜ਼ੀ ਨਾਲ ਲਾਭ ਦਿੱਤਾ ਜਾ ਸਕੇ। ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਘੱਟ ਆਮਦਨੀ ਵਾਲੇ, ਪੱਟੀ ਦਰਜ ਜਾਤਾਂ ਅਤੇ ਪਿੱਛੜੇ ਵਰਗਾਂ ਦੀ ਭਲਾਈ ਲਈ ਵਚਨਬੱਧ ਏ ਅਤੇ ਉਨ੍ਹਾਂ ਨੂੰ ਆਤਮ-ਨਿਰਭਰ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਨਿਰੰਤਰ ਯਤਨਸ਼ੀਲ ਏ ।

------------------------------------------------------------------------

ਕੰਮਕਾਜੀ ਔਰਤਾਂ ਦੀ ਸਹੂਲਤ ਅਤੇ ਸੁਖਾਵੇਂ ਮਾਹੌਲ ਲਈ ਕੀਤੀਆਂ ਜਾ ਰਹੀਆਂ ਨਵੇਕਲੀਆਂ ਕੋਸ਼ਿਸ਼ਾਂ ਤਹਿਤ ਪੰਜਾਬ ਵਿੱਚ ਪਹਿਲੀ ਵਾਰ 6 ਵਰਕਿੰਗ ਵੂਮੈਨ ਹੋਸਟਲਾਂ ਦੀ ਉਸਾਰੀ ਕੀਤੀ ਜਾ ਰਹੀ ਏ. ਇਹ ਜਾਣਕਾਰੀ ਅੱਜ ਵਿਧਾਨ ਸਭਾ 'ਚ ਵਿਧਾਇਕ ਕੁਲਵੰਤ ਸਿੰਘ ਦੇ ਸਵਾਲ ਦੇ ਜਵਾਬ ਵਿੱਚ ਸਮਾਜਿਕ ਸੁਰੱਖਿਆ, ਔਰਤ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ । ਮੰਤਰੀ ਨੇ ਦੱਸਿਆ ਕਿ ਇਹ ਹੋਸਟਲ ਮੋਹਾਲੀ, ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ ਵਿੱਚ ਬਣਾਏ ਜਾਣਗੇ। ਮੋਹਾਲੀ ਜ਼ਿਲ੍ਹੇ ਵਿੱਚ 3 ਹੋਸਟਲ, ਅਤੇ ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ ਵਿੱਚ 1-1 ਹੋਸਟਲ ਬਣਾਇਆ ਜਾਵੇਗਾ। ਇਹਨਾਂ ਹੋਸਟਲਾਂ ਦੀ ਉਸਾਰੀ 'ਤੇ ਲਗਭਗ 150 ਕਰੋੜ ਰੁਪਏ ਦਾ ਖਰਚ ਆਉਣ ਦੀ ਸੰਭਾਵਨਾ ਏ ਅਤੇ ਇਹਨਾਂ ਵਿੱਚ ਕੁੱਲ 800 ਕੰਮਕਾਜੀ ਔਰਤਾਂ ਲਈ ਰਹਿਣ ਦੀ ਸਹੂਲਤ ਉਪਲੱਬਧ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਨਿਰਮਾਣ ਕਾਰਜ ਇਸ ਸਾਲ ਮਈ ਦੇ ਮਹੀਨੇ ਤੱਕ ਸ਼ੁਰੂ ਹੋ ਜਾਵੇਗਾ ਅਤੇ 31 ਮਾਰਚ 2026 ਤੱਕ ਪੂਰਾ ਕਰ ਲਿਆ ਜਾਵੇਗਾ। ਮੰਤਰੀ ਨੇ ਇਹ ਵੀ

ਕਿਹਾ ਕਿ ਪੰਜਾਬ ਸਰਕਾਰ ਔਰਤਾਂ ਦੀ ਭਲਾਈ, ਸਹੂਲਤ ਅਤੇ ਸ਼ਕਤੀਕਰਨ ਲਈ ਦ੍ਰਿੜ੍ਹਤਾ ਨਾਲ ਵਚਨਬੱਧ ਏ।

---

ਸੂਬਾ ਸਰਕਾਰ ਵੱਲੋਂ ਪੰਜਾਬ ਭਰ ਵਿਚ ਪਹਿਲੀ ਮਾਰਚ ਤੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ CASO ਭਾਵ ਘੇਰਾ ਪਾਉਣ ਤੇ ਭਾਲ ਅਪ੍ਰੇਸ਼ਨ ਤਹਿਤ ਅੱਜ ਕਈ ਥਾਵਾਂ 'ਤੇ ਕਾਰਵਾਈ ਹੋਈ । ਹੁਸ਼ਿਆਰਪੁਰ ਦੇ ਫਗਵਾੜਾ ਰੋਡ ਵਿਖੇ ਇੱਕ ਪ੍ਰਮੁੱਖ ਸਨਅਤੀ ਇਕਾਈ ਨੇੜਲੇ ਮੁਹੱਲੇ ਪੁਲਿਸ ਵਲੋਂ CASO ਅਪ੍ਰੇਸ਼ਨ ਵਿੱਚ ਏ ਡੀ ਜੀ ਪੀ ਨਰੇਸ਼ ਅਰੋੜਾ ਅਤੇ SSP ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਖਾਸ ਤੋਰ ਤੇ ਸ਼ਾਮਲ ਹੋਏ. ਇਸ ਮੌਕੇ ਨਰੇਸ਼ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਲਈ ਕਮਰ ਕੱਸ ਚੁੱਕੀ ਏ। ਅਤੇ ਉਹਨਾਂ ਨੇ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਇਹ ਕੰਮ ਛੱਡ ਦੇਣ ਨਹੀਂ ਤਾਂ ਉਹਨਾਂ ਨੂੰ ਜੇਲਾਂ ਵਿੱਚ ਪਾ ਦਿੱਤਾ ਜਾਵੇਗਾ।

BYTE –

ਜ਼ਿਲਾ ਫਤਿਹਗੜ੍ਹ ਸਾਹਿਬ ਵਿਖੇ ਵੀ ਕਾਸੋ ਆਪਰੇਸ਼ਨ ਚਲਾਇਆ ਗਿਆ ਤੇ ਇਸ ਤਹਿਤ ਅੱਜ ਮੰਡੀ ਗੋਬਿੰਦਗੜ, ਬੱਸੀ ਪਠਾਣਾ ਖਮਾਣੋ ਵਿੱਚ ਕਾਰਵਾਈ ਕੀਤੀ ਗਈ। ਇਸੇ ਤਰ੍ਹਾਂ ਬਸੀ ਪਠਾਣਾ ਸਬ ਡਿਵੀਜ਼ਨ ਵਿੱਚ ਡੀਐਸਪੀ ਰਾਜਕੁਮਾਰ ਡੀ ਅਗਵਾਈ ਵਿੱਚ ਵੱਖ-ਵੱਖ ਪਿੰਡਾਂ ਵਿੱਚ ਪੁਲਿਸ ਵੱਲੋਂ ਤਲਾਸ਼ੀ ਮੁਹਿੰਮ ਕੀਤੀ ਗਈ ਅਤੇ ਸ਼ੱਕੀ ਵਿਅਕਤੀਆਂ ਦੇ ਘਰਾਂ ਤੇ ਆਉਂਦੇ ਜਾਂਦੇ ਰਾਹਗੀਰਾਂ ਦੀ ਵੀ ਜਾਂਚ ਕੀਤੀ ਗਈ। ਪੁਲਿਸ ਪ੍ਰਸ਼ਾਸਨ ਵੱਲੋਂ ਨਸ਼ਾ ਛੁੜਾਉਣ ਦੇ ਲਈ ਬਣਾਏ ਗਏ ਨਸ਼ਾ ਛੜਾਓ ਕੇਂਦਰਾਂ ਦਾ ਵੀ ਦੌਰਾ ਕੀਤਾ ਜਾ ਰਿਹਾ ਏ ਤੇ ਇਸੇ ਸੰਬੰਧ 'ਚ ਅੱਜ ਡੀਆਈਜੀ ਰਾਜਪਾਲ ਸਿੰਘ ਪਠਾਨਕੋਟ ਸਰਕਾਰੀ ਹੋਸਪਿਟਲ ਵਿਖੇ ਸਥਿਤ ਨਸ਼ਾ ਛੜਾਓ ਕੇਂਦਰ ਵਿੱਚ ਪੁੱਜੇ ਜਿੱਥੇ ਉਨਾਂ ਨੇ ਨਸ਼ਾ ਛੱਡਣ ਆਏ ਨੌਜਵਾਨਾਂ ਦੇ ਨਾਲ ਗੱਲਬਾਤ ਕੀਤੀ ਤੇ ਨਾਲ ਹਿ ਕਿਹਾ ਕਿ ਇਹਨਾਂ ਨਸ਼ਾ ਛੁੜਾਓ ਕੇਂਦਰਾਂ ਨੂੰ ਹੋਰ ਬਿਹਤਰ ਬਣਾਇਆ ਜਾਏਗਾ।

---------------------------------------------------------------

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਹੋਲੇ ਮਹੱਲੇ ਨੂੰ ਸਮਰਪਿਤ ਦੋ ਰੋਜ਼ਾ ਸੰਵਾਦ ਸਮਾਗਮ ਸਫਲਤਾ ਨਾਲ

ਸਮਾਪਤ ਹੋਇਆ। ਇਸ ਸਮਾਗਮ ਦੇ ਵਿਦਾਇਗੀ ਸੈਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸਾਬਕਾ ਹਵਾਈ ਫੌਜ ਮੁਖੀ ਏਅਰ ਚੀਫ ਮਾਰਸ਼ਲ ਬਿਰੇਂਦਰ ਸਿੰਘ ਧਨੋਆ ਸ਼ਾਮਿਲ ਹੋਏ। ਇਸ ਦੋ ਰੋਜ਼ਾ ਸੰਵਾਦ ਸਮਾਗਮ ਦੌਰਾਨ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਸਿੱਖ ਯੁਧ ਕਲਾ ਗਤਕਾ, ਤੇ ਕਵੀ ਦਰਬਾਰ ਦੌਰਾਨ ਪੰਜਾਬ ਭਰ ਤੋਂ ਆਏ ਕਵੀ ਸਾਹਿਬਾਨ ਵੱਲੋਂ ਹਿੱਸਾ ਲਿਆ ਗਿਆ। ਇਸੇ ਮੌਕੇ ਮੁੱਖ ਮਹਿਮਾਨ ਸਾਬਕਾ ਏਅਰ ਚੀਫ ਮਾਰਸ਼ਲ ਬਿਰੇਂਦਰ ਸਿੰਘ ਧਨੋਆ ਨੇ ਕਿਹਾ ਕਿ ਵਿਸ਼ਵ ਅੰਦਰ ਸਿੱਖ ਪੰਥ ਦੀ ਪਛਾਣ ਸਾਂਝੀਵਾਲਤਾ ਅਤੇ ਚੜ੍ਹਦੀਕਲਾ ਦੇ ਪ੍ਰਤੀਕ ਵਜੋਂ ਕੀਤੀ ਜਾਂਦੀ ਏ। ਉਹਨਾਂ ਇਹ ਵੀ ਕਿਹਾ ਕਿ ਫੌਜਾਂ ਵਿੱਚ ਸਿੱਖ ਨੌਜਵਾਨਾਂ ਦੀ ਘੱਟ ਰਹੀ ਗਿਣਤੀ ਇੱਕ ਚਿੰਤਾ ਦਾ ਵਿਸ਼ਾ ਬਣਦੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਫੌਜ ਰਾਹੀਂ ਦੇਸ਼ ਸੇਵਾ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਏ ਜਿਸ ਨੂੰ ਲੈ ਕੇ ਕਾਲਜਾਂ ਯੂਨੀਵਰਸਿਟੀ ਦੇ ਪ੍ਰਬੰਧਕਾਂ ਨੂੰ ਵੀ ਨੌਜਵਾਨਾਂ ਨੂੰ ਫੌਜ ਵਿੱਚ ਭਰਤੀ ਹੋਣ ਲਈ ਲਾਮਬੰਦ ਕਰਨ ਦੀ ਲੋੜ ਏ।

---------------------------------------------------------------

ਪੰਜਾਬ ਦੇ ਬਾਗਬਾਨੀ, ਆਜ਼ਾਦੀ ਘੁਲਾਟੀਏ ਅਤੇ ਰੱਖਿਆ ਸੇਵਾਵਾਂ ਦੀ ਭਲਾਈ ਬਾਰੇ ਮੰਤਰੀ, ਮਹਿੰਦਰ ਭਗਤ ਨੇ ਅੱਜ ਸਕੂਲ ਆਫ਼ ਐਮੀਨੈਂਸ ਮਕਸੂਦਾਂ ਵਿਖੇ ਮੈਗਾ ਮਾਪੇ-ਅਧਿਆਪਕ ਮਿਲਣੀ ਵਿੱਚ ਸ਼ਿਰਕਤ ਕੀਤੀ. ਓਹਨਾਂ ਕਿਹਾ ਕਿ ਸੂਬਾ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਵੱਡੇ ਸੁਧਾਰ ਲਿਆਂਦੇ ਨੇ, ਜਿਸ ਸਦਕਾ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਉੱਚਾ ਹੋਇਆ ਏ । ਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਸਕੂਲ ਵਿਖੇ 48 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਤਿੰਨ ਸਾਇੰਸ ਲੈਬਜ਼ ਅਤੇ 2 ਕਮਰਿਆਂ ਦਾ ਉਦਘਾਟਨ ਵੀ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ ਯਕੀਨੀ ਬਣਾਉਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਮੁਤਾਬਿਕ ਆਧੁਨਿਕ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਏ, ਜਿਸ ਸਦਕਾ ਲੋਕਾਂ ਦਾ ਸਰਕਾਰੀ ਸਕੂਲਾਂ ਪ੍ਰਤੀ ਰੁਝਾਨ ਵਧਣ ਕਰਕੇ ਇਨ੍ਹਾਂ ਸਕੂਲਾਂ ਵਿੱਚ ਦਾਖਲਿਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਏ ।

ਮਾਪੇ-ਅਧਿਆਪਕ ਮਿਲਣੀਆਂ ਦੀ ਮਹੱਤਤਾ ’ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀ ਇਹ ਪਹਿਲਕਦਮੀ ਜਿਥੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਮਦਦਗਾਰ ਸਾਬਤ ਹੋ ਰਹੀ ਏ ਉਥੇ ਸਰਕਾਰੀ ਸਕੂਲਾਂ ਦੀ ਬਿਹਤਰੀ ਵਿੱਚ ਵੀ ਅਹਿਮ ਭੂਮਿਕਾ ਨਿਭਾਅ ਰਹੀ ਏ । ਉਨ੍ਹਾਂ ਕਿਹਾ ਕਿ ਇਨ੍ਹਾਂ ਮਿਲਣੀਆਂ ਰਾਹੀਂ ਮਾਪੇ ਆਪਣੇ ਬੱਚਿਆਂ ਬਾਰੇ ਪੂਰੀ ਜਾਣਕਾਰੀ ਹਾਸਲ ਕਰਕੇ ਉਨ੍ਹਾਂ ਦੇ ਬੌਧਿਕ ਵਿਕਾਸ ਵਿੱਚ ਅਹਿਮ ਭੂਮਿਕਾ ਅਦਾ ਕਰਨ ਦੇ ਨਾਲ-ਨਾਲ ਆਪਣੇ ਪ੍ਰਤੀਕਰਮ ਰਾਹੀਂ ਸਰਕਾਰੀ ਸਕੂਲਾਂ ਨੂੰ ਹੋਰ ਬਿਹਤਰ ਕਰਨ ਵਿੱਚ ਵੀ ਯੋਗਦਾਨ ਪਾ ਸਕਦੇ ਨੇ । ਸ੍ਰੀ ਭਗਤ ਨੇ ਇਸ ਮੌਕੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਹੋਰ ਲਗਨ ਅਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ।

---------------------------------------------------------

ਪ੍ਰਿੰਸੀਪਲ ਸਕੱਤਰ ਜਲ ਸਰੋਤ ਅਤੇ ਪ੍ਰਭਾਰੀ ਸਕੱਤਰ ਜਲੰਧਰ ਸ੍ਰੀ ਕ੍ਰਿਸ਼ਨ ਕੁਮਾਰ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅੱਜ ਸ਼ਾਹਕੋਟ ਵਿਖੇ ਚੱਲ ਰਹੇ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਦੀ ਪ੍ਰਗਤੀ ਦਾ

ਜਾਇਜ਼ਾ ਲਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਪ੍ਰਿੰਸੀਪਲ ਸਕੱਤਰ ਨੇ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਦੇ ਸਾਰੇ 38 ਮਾਪਦੰਡਾਂ ਤਹਿਤ 100 ਫੀਸਦੀ ਟੀਚੇ ਨੂੰ ਹਾਸਿਲ ਕਰਨ ਲਈ ਸੰਜੀਦਾ ਯਤਨਾਂ ਦੀ ਲੋੜ ’ਤੇ ਜ਼ੋਰ ਦਿੱਤਾ। ਮੀਟਿੰਗ ਦੌਰਾਨ ਜਾਇਜ਼ਾ ਲੈਂਦਿਆਂ ਸ਼੍ਰੀ ਕ੍ਰਿਸ਼ਨ ਕੁਮਾਰ ਨੇ ਸਿਹਤ, ਸਿੱਖਿਆ, ਬੁਨਿਆਦੀ ਢਾਂਚਾ, ਭੂਮੀ ਰੱਖਿਆ, ਧਰਤੀ ਹੇਠਲੇ ਪਾਣੀ ਦੇ ਪੱਧਰ, ਪੀਣ ਯੋਗ ਪਾਣੀ ਦੀ ਉਪਲਬੱਧਤਾ, ਖੁੱਲੇ ‘ਚ ਪਖਾਨਾ ਮੁਕਤ ਦਰਜੇ , ਆਂਗਨਵਾੜੀ ਕੇਂਦਰਾਂ ਦੀ ਕਾਰਜਪ੍ਰਣਾਲੀ,  ਤੇ ਬੈਂਕਿਗ ਦੇ ਨਾਲ – ਨਾਲ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਸੱਦਾ ਦਿੱਤਾ ਕਿ ਆਪਸੀ ਸੁਚੱਜੇ ਤਾਲਮੇਲ ਨਾਲ ਸ਼ਾਹਕੋਟ ਬਲਾਕ ਦੇ ਸਰਬਪੱਖੀ ਵਿਕਾਸ ਵੱਲ ਖਾਸ ਤਵੱਜੋਂ ਦਿੰਦਿਆਂ ਪੂਰੀ ਸਰਗਰਮੀ ਨਾਲ ਕੰਮ ਕੀਤਾ ਜਾਵੇ। ਡਿਪਟੀ ਕਮਿਸਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਕੱਤਰ ਨੂੰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਿਛਲੇ ਸਾਲ ਦੌਰਾਨ ਕੀਤੇ ਗਏ ਯਤਨਾਂ ਤੋਂ ਜਾਣੂੰ ਕਰਵਾਉਂਦਿਆਂ ਤੈਅ ਮਾਪਦੰਡਾਂ ਤਹਿਤ ਹੋਈ ਅਹਿਮ ਪ੍ਰਗਤੀ ’ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਹੁਣ ਤੱਕ ਸਾਰੇ ਤੱਥਾਂ ਨੂੰ

ਧਿਆਨ ਵਿੱਚ ਰੱਖਦਿਆਂ 95 ਫੀਸਦੀ ਟੀਚੇ ਨੂੰ ਪ੍ਰਾਪਤ ਕਰ ਲਿਆ ਗਿਆ ਏ ਅਤੇ ਸਾਰੇ 38 ਮਾਪਦੰਡਾਂ ਤਹਿਤ ਤੈਅ ਟੀਚੇ ਨੂੰ ਜਲਦ ਹਾਸਿਲ ਕਰ ਲਿਆ ਜਾਵੇਗਾ। ਸਬੰਧਿਤ ਅਧਿਕਾਰੀਆਂ ਵਲੋਂ ਪ੍ਰੋਗਰਾਮ ਦੀ ਸਫ਼ਲਤਾ ਲਈ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦੁਹਰਾਇਆ ਗਿਆ।

---

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਚੁਗਿਰਦੇ ਪ੍ਰਤੀ ਸੁਚੇਤ ਅਤੇ ਸੰਵੇਦਨਸ਼ੀਲ ਜੀਵਨ ਜਾਚ ਅਪਣਾਉਣ 'ਤੇ ਜ਼ੋਰ ਦਿੱਤਾ ਏ
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਰੇਡੀਓ ਪ੍ਰੋਗ੍ਰਾਮ, 'ਮਨ ਕੀ ਬਾਤ' ਦੇ 120ਵੇਂ ਐਪੀਸੋਡ ‘ਚ ਭਲਕੇ ਸਵੇਰੇ 11 ਵਜੇ ਦੇਸ਼ ਵਿਦੇਸ਼ ਵਿਚਲੇ ਲੋਕਾਂ ਨੂੰ ਸੰਬੋਧਨ ਕਰਨਗੇ।
- ਪੰਜਾਬ ਦੇ ਕੈਬਿਨੇਟ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਏ ਕਿ ਅਸ਼ੀਰਵਾਦ ਸਕੀਮ ਤਹਿਤ ਪੱਟੀਦਰਜ ਜਾਤਾਂ ਦੇ ਲਾਭਪਾਤਰੀ ਪਰਿਵਾਰਾਂ ਲਈ 20 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ. 3 ਹਜ਼ਾਰ 922 ਲਾਭਪਾਤਰੀ ਪਰਿਵਾਰਾਂ ਨੂੰ ਮਿਲੇਗਾ ਲਾਭ ।

- ਸੂਬਾ ਸਰਕਾਰ ਵੱਲੋਂ ਪੰਜਾਬ ਭਰ ਵਿਚ ਪਹਿਲੀ ਮਾਰਚ ਤੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ CASO ਅਪ੍ਰੇਸ਼ਨ ਤਹਿਤ ਅੱਜ ਕਈ ਥਾਵਾਂ 'ਤੇ ਕਾਰਵਾਈ ਕੀਤੀ ਗਈ।
- ਸਾਬਕਾ ਹਵਾਈ ਫੌਜ ਮੁਖੀ ਏਅਰ ਚੀਫ ਮਾਰਸ਼ਲ ਬਿਰੇਂਦਰ ਸਿੰਘ ਧਨੋਆ ਦਾ ਕਹਿਣਾ ਏ ਕਿ ਫੌਜ ਰਾਹੀਂ ਦੇਸ਼ ਸੇਵਾ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਏ ।